# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-03-2025**

- ਕੇਂਦਰੀ ਪਸ਼ੂ ਪਾਲਣ ਮੰਤਰੀ ਰਾਜੀਵ ਰੰਜਨ ਸਿੰਘ ਨੇ ਕਿਹਾ-ਕਿ ਭਾਰਤ ਦੁੱਧ ਦਾ ਸਭ ਤੋਂ ਵੱਡਾ ਉਤਪਾਦਕ ਏ ਅਤੇ ਅਗਲੇ ਪੰਜ ਸਾਲਾਂ ਵਿੱਚ ਇਸ ਦੀ ਉਤਪਾਦਨ ਸਮਰੱਥਾ 23 ਕਰੋੜ 90 ਲਖ ਮੀਟ੍ਰਿਕ ਟਨ ਤੋਂ ਵਧਾ ਕੇ 30 ਕਰੋੜ ਮੀਟ੍ਰਿਕ ਟਨ ਕਰਨ ਦਾ ਟੀਚਾ ਏ।
- ਅੱਜ ਪੰਜਾਬ ਵਿਧਾਨ ਸਭਾ ਇਜਲਾਸ ਦੇ ਤੀਜੇ ਦਿਨ ਦੀ ਕਾਰਵਾਈ ਜਾਰੀ ਰਹੀ-ਸੂਬੇ ਵਿਚ ਪਾਣੀ ਦੇ ਲਗਾਤਾਰ ਥੱਲੇ ਜਾ ਰਹੇ ਪੱਧਰ ਬਾਰੇ ਵਿਚਾਰ ਕੀਤੀ ਗਈ।
- ਕੱਟੜਪੰਥੀ ਪ੍ਰਚਾਰਕ ਅਤੇ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸੱਤ ਸਾਥੀਆਂ ਨੂੰ ਅਜਨਾਲਾ ਦੀ ਅਦਾਲਤ ਵੱਲੋਂ, ਤਿੰਨ ਹੋਰ ਦਿਨਾਂ ਲਈ, 28 ਮਾਰਚ ਤੱਕ ਪੁਲਿਸ ਹਿਰਾਸਤ ਵਿੱਚ ਭੇਜਿਆ ਗਿਆ।
- ਭਾਰਤੀ ਫੌਜ ਨੇ ਬੀਤੇ ਦਿਨੀਂ ਪਟਿਆਲਾ ਪੁਲਿਸ ਵੱਲੋਂ ਕਰਨਲ ਪੁਸ਼ਪਿੰਦਰ ਸਿੰਘ ਬਾਠ ਨਾਲ ਕੀਤੀ ਬਦਸਲੂਕੀ ਦੀ, ਪੰਜਾਬ

ਸਰਕਾਰ ਵੱਲੋਂ ਆਜ਼ਾਦ ਅਤੇ ਇਮਾਨਦਾਰ ਜਾਂਚ ਲਈ ਆਪਣਾ ਰੁੱਖ ਦੁਹਰਾਇਆ।

- ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਯੋਜਨਾ ਤਹਿਤ ਚਾਲੂ ਵਿੱਤੀ ਸਾਲ 2024-25 ਦੌਰਾਨ, ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾਂ ਨੂੰ, 12 ਕਰੋੜ 99 ਲਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ।

---

ਪਸ਼ੂ ਪਾਲਣ ਅਤੇ ਡੇਅਰੀ ਮੰਤਰੀ ਰਾਜੀਵ ਰੰਜਨ ਸਿੰਘ ਨੇ ਕਿਹਾ ਏ ਕਿ ਭਾਰਤ ਦੁੱਧ ਦਾ ਸਭ ਤੋਂ ਵੱਡਾ ਉਤਪਾਦਕ ਏ ਅਤੇ ਅਗਲੇ ਪੰਜ ਸਾਲਾਂ ਵਿੱਚ ਇਸ ਦੀ ਉਤਪਾਦਨ ਸਮਰੱਥਾ 23 ਕਰੋੜ 90 ਲਖ ਮੀਟ੍ਰਿਕ ਟਨ ਤੋਂ ਵਧਾ ਕੇ 30 ਕਰੋੜ ਮੀਟ੍ਰਿਕ ਟਨ ਕਰਨ ਦਾ ਟੀਚਾ ਏ। ਮੰਤਰੀ ਨੇ ਲੋਕ ਸਭਾ ਨੂੰ ਦੱਸਿਆ ਕਿ 2014 ਵਿੱਚ ਸਰਕਾਰ ਦੁਆਰਾ ਸ਼ੁਰੂ ਕੀਤੇ ਗਏ ਰਾਸ਼ਟਰੀ ਗੋਕੁਲ ਮਿਸ਼ਨ ਤੋਂ ਬਾਅਦ ਦੇਸ਼ ਵਿੱਚ ਦੁੱਧ ਦੇ ਉਤਪਾਦਨ ਵਿੱਚ 63.5 ਫੀਸਦੀ ਦਾ ਵਾਧਾ ਹੋਇਆ ਏ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਅਗਲੇ ਤਿੰਨ ਸਾਲਾਂ ਵਿੱਚ ਉਤਪਾਦਨ ਵਿੱਚ ਹੋਰ 15 ਫੀਸਦੀ ਦਾ ਵਾਧਾ ਹੋਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਭਾਰਤ ਵਿੱਚ ਲਗਭਗ 10 ਕਰੋੜ ਲੋਕ ਦੁੱਧ ਉਤਪਾਦਨ ਵਿੱਚ ਲੱਗੇ ਹੋਏ ਹਨ, ਜਿਨ੍ਹਾਂ

ਵਿੱਚੋਂ 75 ਫੀਸਦੀ ਔਰਤਾਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਦੇਸ਼ ਵਿੱਚ ਪ੍ਰਤੀ ਵਿਅਕਤੀ ਦੁੱਧ ਦੀ ਖਪਤ ਪ੍ਰਤੀ ਦਿਨ 471 ਗ੍ਰਾਮ ਏ ।

-----------------------------------------------------------------------------

ਸਰਕਾਰ ਨੇ ਕਿਹਾ ਏ ਕਿ ਹੁਣ ਤੱਕ ਦੇਸ਼ ਭਰ ਵਿੱਚ ਇੱਕ ਹਜ਼ਾਰ 737 ਗ੍ਰਾਮ ਪੰਚਾਇਤਾਂ ਨੂੰ ,ਸੰਸਦ ਆਦਰਸ਼ ਗ੍ਰਾਮ ਯੋਜਨਾ ਤਹਿਤ ਵਿਕਸਤ ਕੀਤਾ ਜਾ ਚੁਕਿਆ ਏ । ਇਹ ਯੋਜਨਾ ਅਕਤੂਬਰ 2014 ਵਿੱਚ ਸ਼ੁਰੂ ਕੀਤੀ ਗਈ ਸੀ। ਅੱਜ ਲੋਕ ਸਭਾ ਵਿੱਚ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਪਿਛਲੇ ਪੰਜ ਸਾਲਾਂ ਵਿੱਚ ਇਸ ਯੋਜਨਾ ਤਹਿਤ 830 ਗ੍ਰਾਮ ਪੰਚਾਇਤਾਂ ਦਾ ਵਿਕਾਸ ਕੀਤਾ ਗਿਆ ਏ ।

-----------------------------------------------------------------------------

ਅੱਜ ਪੰਜਾਬ ਵਿਧਾਨ ਸਭਾ ਇਜਲਾਸ ਦੇ ਤੀਜੇ ਦਿਨ ਦੀ ਕਾਰਵਾਈ ਜਾਰੀ ਰਹੀ । ਇਸ ਦੌਰਾਨ ਪੰਜਾਬ ਸਰਕਾਰ ਦੇ ਸਾਲ 2024-25 ਦੇ ਖਰਚੇ ਲਈ ਗ੍ਰਾਂਟਾ ਵਾਸਤੇ ਜ਼ਿਮਨੀ ਮੰਗਾਂ ਨੂੰ, 31 ਮਾਰਚ ਨੂੰ ਖਤਮ ਹੋਣ ਵਾਲੇ ਸਾਲ ਲਈ, ਵੱਖ ਵੱਖ ਵਿਭਾਗਾਂ ਦੇ ਖਰਚਿਆਂ ਦੀ ਅਦਾਇਗੀ ਲਈ ਰਾਜਪਾਲ ਨੂੰ ਦੇਣ ਬਾਰੇ ਵਿਧਾਨ ਸਭਾ ਵੱਲੋਂ ਮਤਾ ਸਵੀਕਾਰ ਕੀਤਾ ਗਿਆ । ਇਹ ਰਕਮ ਮਾਲੀਆ ਅਤੇ ਪੂੰਜੀਗਤ ਲੇਖੇ ਤੇ 25 ਹਜਾਰ 332

ਕਰੋੜ, 43 ਲੱਖ 45 ਹਜਾਰ ਤੋਂ ਵੱਧ ਨਾ ਹੋਵੇ। ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਪਾਣੀ ਦੇ ਗੰਭੀਰ ਵਿਸ਼ੇ 'ਤੇ ਮਤਾ ਪਾਇਆ ਗਿਆ, ਜਿਸ ਵਿੱਚ ਸੂਬੇ ਦੇ ਪਾਣੀ ਦੇ ਨਿਰੰਤਰ ਥੱਲੇ ਜਾ ਰਹੇ ਪੱਧਰ ਅਤੇ ਵਾਤਾਵਰਨ ਦੀ ਸੰਭਾਲ ਬਾਰੇ ਕਦਮ ਚੁੱਕਣ ਬਾਰੇ ਸੂਬਾ ਸਰਕਾਰ ਨੂੰ ਸਿਫਾਰਿਸ਼ ਕਰਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਵਿਧਾਨ ਸਭਾ ਵਿੱਚ ਇੱਕ ਸਵਾਲ ਦਾ ਜਵਾਬ ਦਿੰਦਿਆਂ ਦੱਸਿਆ ਕਿ ਇਸ ਵਾਰ ਬਰਸਾਤਾਂ ਦੇ ਮੌਸਮ ਤੋਂ ਪਹਿਲਾਂ ਪੰਜਾਬ ਦੇ ਸਾਰੇ ਪਿੰਡਾਂ ਦੇ ਛੱਪੜਾਂ ਤੇ ਟੋਭਿਆਂ ਦੀ ਸਫਾਈ ਕਰਵਾਉਣ ਦਾ ਟੀਚਾ ਏ। ਉਨ੍ਹਾਂ ਕਿਹਾ ਕਿ ਬਰਸਾਤੀ ਮੌਸਮ ਤੋਂ ਪਹਿਲਾਂ ਸਾਰੇ ਛੱਪੜਾਂ ਨੂੰ ਖਾਲੀ ਕਰਵਾਉਣ ਦੀ ਯੋਜਨਾ ਏ ਅਤੇ ਜੇਕਰ ਛੱਪੜਾਂ ਦੀ ਸਫਾਈ ਲਈ ਮਸ਼ੀਨਰੀ ਦੀ ਲੋੜ ਪਈ ਤਾਂ ਇਸ ਦੀ ਵਰਤੋਂ ਕੀਤੀ ਜਾਵੇਗੀ। ਇਜਲਾਸ ਦੌਰਾਨ ਵਿਧਾਇਕ ਨੀਨਾ ਮਿੱਤਲ ਵੱਲੋਂ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ, ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਸੂਬੇ ਦੇ ਜਿਨ੍ਹਾਂ ਰੂਟਾ ‘ਤੇ ਸਰਕਾਰੀ ਬੱਸ ਸੇਵਾ ਉਪਲੱਬਧ ਨਹੀਂ ਏ , ਸੂਬਾ ਸਰਕਾਰ ਉਨ੍ਹਾਂ ਰੂਟਾਂ ‘ਤੇ ਸਰਕਾਰੀ ਬੱਸ ਸੇਵਾ ਸ਼ੁਰੂ ਕਰਨ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਵਿਭਾਗ ਸੂਬੇ ਦੇ ਲੋਕਾਂ ਦੀ ਮੰਗ ‘ਤੇ

ਸਬੰਧਤ ਰੂਟ ‘ਤੇ ਸਰਕਾਰੀ ਬੱਸ ਸੇਵਾ ਸ਼ੁਰੂ ਕਰਨ ‘ਤੇ ਵੀ ਵਿਚਾਰ ਕਰੇਗਾ।

-----------------------------------------------------------------------------------

ਪੰਜਾਬ ਦੇ ਬਿਜਲੀ ਮੰਤਰੀ  ਹਰਭਜਨ ਸਿੰਘ ETO ਨੇ ਕਿਹਾ ਕਿ ਫਿਰੋਜ਼ਪੁਰ ਦਿਹਾਤੀ ਵਿਖੇ 66 ਕੇ.ਵੀ ਦੇ ਨਵਾਂ ਬਿਜਲੀ ਘਰ 31 ਜੁਲਾਈ ਤੱਕ ਚਾਲੂ ਹੋ ਜਾਵੇਗਾ । ਪੰਜਾਬ ਵਿਧਾਨ ਸਭਾ ਵਿਚ ਫਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਰਜ਼ਨੀਸ਼ ਕੁਮਾਰ ਦਹੀਆ ਵਲੋਂ  ਹਲਕਾ ਫਿਰੋਜ਼ਪੁਰ ਦਿਹਾਤੀ ਦੇ ਪਿੰਡ ਮਿਰਜੇ ਕੇ ਵਿਖੇ, 66 ਕੇ.ਵੀ ਦੇ ਨਵੇਂ ਬਿਜਲੀ ਘਰ ਦਾ ਕੰਮ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਦਿੰਦਿਆਂ, ਪੰਜਾਬ ਦੇ ਬਿਜਲੀ ਮੰਤਰੀ ਨੇ ਦੱਸਿਆ ਕਿ 66 ਕੇ.ਵੀ ਸਬ-ਸਟੇਸ਼ਨ ਮਿਰਜ਼ੇ ਕੇ ਦੀ ਉਸਾਰੀ ਦਾ ਕੰਮ ਪ੍ਰਗਤੀ ਅਧੀਨ ਏ । ਇਸ ਗਰਿੱਡ ਸਬ-ਸਟੇਸ਼ਨ ਨੂੰ ਚਲਾਉਣ ਲਈ 220 ਕੇ.ਵੀ  ਤੋਂ 66 ਕੇ.ਵੀ ਮਿਰਜ਼ੇ ਕੇ ਤੱਕ ਕੁੱਲ 10.793 ਸਰਕਟ ਕਿਲੋਮੀਟਰ ਲਾਈਨ ਦੀ ਉਸਾਰੀ ਕੀਤੀ ਜਾ ਰਹੀ ਏ । 66ਕੇ.ਵੀ ਸਬ-ਸਟੇਸ਼ਨ ਮਿਰਜ਼ੇ ਕੇ ਦਾ ਸਿਵਲ ਉਸਾਰੀ ਦਾ ਕੰਮ ਲਗਭਗ ਪੂਰਾ ਹੋ ਗਿਆ ਏ  ਅਤੇ ਲਾਈਨ ਉਸਾਰੀ ਦਾ ਕੰਮ ਵਰਕ ਆਰਡਰ ਨੰਬਰ ਜਾਰੀ ਕਰ ਦਿੱਤਾ ਗਿਆ ਏ । ਟਰਾਂਸਮਿਸ਼ਨ ਲਾਈਨ ਦਾ ਬਕਾਇਆ ਕੰਮ ਕਣਕ ਦੀ ਕਟਾਈ ਤੋਂ ਬਾਅਦ ਲਗਭਗ 15 ਜੂਨ

ਤੱਕ ਪੂਰਾ ਹੋ ਜਾਵੇਗਾ ਅਤੇ 66 ਕੇ.ਵੀ ਸਬ-ਸਟੇਸ਼ਨ ਦੇ 31 ਜੁਲਾਈ 2025 ਤੱਕ ਚਾਲੂ ਹੋ ਜਾਵੇਗਾ

---------------------------------------------------------------------------------

ਪੰਜਾਬ ਵਿੱਚ, ਕੱਟੜਪੰਥੀ ਪ੍ਰਚਾਰਕ ਅਤੇ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸੱਤ ਸਾਥੀਆਂ ਨੂੰ ਅੱਜ ਭਾਰੀ ਪੁਲਿਸ ਤਾਇਨਾਤੀ ਹੇਠ ਅੰਮ੍ਰਿਤਸਰ ਦੇ ਅਜਨਾਲਾ ਦੀ ਇੱਕ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਅਤੇ ਅਦਾਲਤ ਨੇ ਉਨ੍ਹਾਂ ਨੂੰ ਤਿੰਨ ਹੋਰ ਦਿਨਾਂ ਲਈ, 28 ਮਾਰਚ ਤੱਕ, ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਏ। ਉਹ 2023 ਵਿੱਚ, ਅਜਨਾਲਾ ਪੁਲਿਸ ਸਟੇਸ਼ਨ 'ਤੇ ਹਮਲੇ ਵਿੱਚ ਸ਼ਾਮਲ ਸਨ। ਡੀਐਸਪੀ ਗੁਰਵਿੰਦਰ ਸਿੰਘ ਨੇ ਕਿਹਾ ਏ ਕਿ, 250 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ 39 ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ।

**BYTE-**

21 ਮਾਰਚ ਨੂੰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਸੱਤਾਂ ਨੂੰ ਵਾਪਸ ਲਿਆਉਣ ਅਤੇ ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ, ਉਨ੍ਹਾਂ ਨੂੰ ਅੱਜ ਤੱਕ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਸੀ। ਇਨ੍ਹਾਂ ਸੱਤਾਂ ਨੂੰ

ਰਾਸ਼ਟਰੀ ਸੁਰੱਖਿਆ ਕਾਨੂੰਨ (NSA) ਤਹਿਤ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਕੀਤਾ ਗਿਆ ਸੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਨੇ ਟੀ. ਬੀ. ਖਿਲਾਫ ਮੁਹਿੰਮ ਵਿੱਚ ਜ਼ਿਕਰਯੋਗ ਪ੍ਰਗਤੀ ਕੀਤੀ ਏ । ਹਾਲ ਹੀ ਵਿੱਚ ਸੰਪੂਰਨ ਹੋਏ 100 ਦਿਨਾਂ ਟੀ. ਬੀ. ਮੁਕਤ ਭਾਰਤ ਅਭਿਆਨ ਦੀਆਂ ਮਹੱਤਵਪੂਰਨ ਜਾਣਕਾਰੀਆਂ ਬਾਰੇ ਕੇਂਦਰੀ ਸਿਹਤ ਮੰਤਰੀ ਜੇ. ਪੀ. ਨੱਡਾ ਦੇ ਇੱਕ ਲੇਖ ਸਾਂਝਾ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਮੁਹਿੰਮ ਨੇ ਟੀ. ਬੀ. ਮੁਕਤ ਭਾਰਤ ਦੀ ਮਜ਼ਬੂਤ ਬੁਨਿਆਦ ਰੱਖੀ ਏ । ਕੱਲ੍ਹ ਵਿਸ਼ਵ ਟੀ. ਬੀ. ਦਿਵਸ 'ਤੇ ਆਪਣੇ ਲੇਖ ਵਿੱਚ, ਸ੍ਰੀ ਨੱਡਾ ਨੇ ਕਿਹਾ ਕਿ ਭਾਰਤ ਟੀ. ਬੀ. ਨੂੰ ਖਤਮ ਕਰਨ ਦੀ ਪਹੁੰਚ ਨੂੰ ਮੁੜ ਪਰਿਭਾਸ਼ਿਤ ਕਰ ਰਿਹਾ ਏ ।

---

ਭਾਰਤੀ ਫੌਜ ਨੇ ਬੀਤੇ ਦਿਨੀਂ ਪਟਿਆਲਾ ਵਿੱਚ 12 ਪੁਲਿਸ ਮੁਲਾਜ਼ਮਾਂ ਵੱਲੋਂ ਫੌਜੀ ਅਧਿਕਾਰੀ ਕਰਨਲ ਪੁਸ਼ਪਿੰਦਰ ਸਿੰਘ ਬਾਠ ਨਾਲ ਕੀਤੀ ਬਦਸਲੂਕੀ ਦੀ, ਪੰਜਾਬ ਸਰਕਾਰ ਵੱਲੋਂ ਆਜ਼ਾਦ ਅਤੇ ਇਮਾਨਦਾਰ ਜਾਂਚ ਲਈ ਆਪਣਾ ਰੁੱਖ ਦੁਹਰਾਇਆ ਏ । ਫੌਜ ਨੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ

ਦੇਣ ਦੀ ਮੰਗ ਕੀਤੀ ਏ ਤਾਂ ਜੋ ਇਹ ਘਟਨਾ, ਫੌਜ ਅਤੇ ਪੰਜਾਬ ਪੁਲਿਸ ਵਿਚਕਾਰ ਲੰਬੇ ਸਮੇਂ ਤੋਂ ਚੱਲੇ ਆ ਰਹੇ ਸਬੰਧਾਂ ਨੂੰ ਪ੍ਰਭਾਵਿਤ ਨਾ ਕਰੇ। ਇਸ ਮਾਮਲੇ ਵਿੱਚ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨਾਲ ਇੱਕ ਸਾਂਝੀ ਪ੍ਰੈੱਸ ਕਾਨਫਰੰਸ ਦੌਰਾਨ, ਫੌਜ ਦੀ ਪੱਛਮੀ ਕਮਾਂਨ  ਦੇ ਚੀਫ਼ ਆਫ਼ ਸਟਾਫ, ਲੈਫਟੀਨੈਂਟ ਜਨਰਲ ਮੋਹਿਤ ਵਧਵਾ ਨੇ ਕਿਹਾ ਕਿ ਦੋਸ਼ੀਆਂ ਨੂੰ ਮਿਸਾਲੀ ਤਰੀਕੇ ਨਾਲ ਸਜ਼ਾ ਦੇਣ ਅਤੇ ਸਿਸਟਮ ਵਿੱਚ ਵਿਸ਼ਵਾਸ ਬਹਾਲ ਕਰਨ ਲਈ ਇੱਕ ਪਾਰਦਰਸ਼ੀ ਅਤੇ ਸਮਾਂਬੱਧ ਜਾਂਚ ਦੀ ਲੋੜ ਏ । ਉਨ੍ਹਾਂ ਸਾਰੇ ਸੇਵਾ ਨਿਭਾ ਰਹੇ ਅਤੇ ਸੇਵਾਮੁਕਤ ਫੌਜੀ ਕਰਮਚਾਰੀਆਂ ਅਤੇ ਆਮ ਜਨਤਾ ਨੂੰ ਭਰੋਸਾ ਦਿੱਤਾ ਕਿ ਕਰਨਲ ਬਾਠ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਭਵ ਕਦਮ ਚੁੱਕੇ ਜਾਣਗੇ। ਉਨ੍ਹਾਂ ਸਾਰੇ ਵਰਗਾਂ ਨੂੰ ਸ਼ਾਂਤ ਅਤੇ ਸੰਜਮ ਵਰਤਣ  ਦੀ ਅਪੀਲ ਕੀਤੀ ਤਾਂ ਜੋ ਅਸੀਂ ਦੁਸ਼ਮਣ ਤਾਕਤਾਂ ਦੇ ਮਨਸੂਬਿਆਂ ਦਾ ਸ਼ਿਕਾਰ ਨਾ ਹੋਈਏ।
 ਪੰਜਾਬ ਪੁਲਿਸ ਮੁਖੀ  ਨੇ ਇਹ ਵੀ ਭਰੋਸਾ ਦਿੱਤਾ ਕਿ ਕਰਨਲ ਬਾਠ 'ਤੇ ਹਮਲਾ ਕਰਨ ਵਾਲਿਆਂ ਨਾਲ ਕਾਨੂੰਨ ਅਨੁਸਾਰ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਉਨ੍ਹਾਂ ਕਿਹਾ ਕਿ ਵਧੀਕ  ਡੀ.ਜੀ.ਪੀ ਪੱਧਰ ਦੇ ਅਧਿਕਾਰੀ ਦੀ ਅਗਵਾਈ ਹੇਠ ਕਾਇਮ ਇੱਕ ਉੱਚ ਪੱਧਰੀ ਵਿਸ਼ੇਸ਼ ਜਾਂਚ ਟੀਮ  ਪਹਿਲਾਂ ਹੀ ਕੰਮ ਕਰ ਰਹੀ ਏ ।

---

ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਯੋਜਨਾ ਤਹਿਤ ਚਾਲੂ ਵਿੱਤੀ ਸਾਲ 2024-25 ਦੌਰਾਨ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਦੇ 2 ਹਜ਼ਾਰ 549 ਲਾਭਪਾਤਰੀਆਂ ਨੂੰ 12 ਕਰੋੜ 99 ਲਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਏ । ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਲਈ ਅਸ਼ੀਰਵਾਦ ਸਕੀਮ ਅਧੀਨ ਜਿਲਾ ਬਰਨਾਲਾ, ਬਠਿੰਡਾ, ਫਰੀਦਕੋਟ, ਫਿਰੋਜਪੁਰ, ਸ੍ਰੀ ਫਤਹਿਗੜ੍ਹ ਸਾਹਿਬ, ਫਾਜਿਲਕਾ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮਾਨਸਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਪਠਾਨਕੋਟ, ਰੂਪਗਨਰ, ਐਸ.ਏ.ਐਸ.ਨਗਰ, ਸੰਗਰੂਰ, ਮਾਲੇਰਕੋਟਲਾ ਅਤੇ ਤਰਨਤਾਰਨ ਦੇ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਦੇ ਕੁੱਲ 2549 ਲਾਭਪਾਤਰੀਆਂ ਦੀਆਂ ਦਰਖਾਸਤਾਂ ਚਾਲੂ ਸਾਲ ਦੌਰਾਨ ਅਸ਼ੀਰਵਾਦ ਪੋਰਟਲ ਤੇ ਪ੍ਰਾਪਤ ਹੋਈਆਂ ਸਨ। ਇਹਨਾਂ 2549 ਲਾਭਪਾਤਰੀਆਂ ਨੂੰ ਕਵਰ ਕਰਨ ਲਈ 12 ਕਰੋੜ 99 ਲਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਏ ।

---

ਪੰਜਾਬ ਵਿਚ, ਪੁਲਿਸ ਹਿਰਾਸਤ ਵਿੱਚੋਂ 450 ਹੋਰ ਕਿਸਾਨਾਂ ਨੂੰ ਰਿਹਾਅ ਕਰਨ ਦੀ ਪ੍ਰਕਿਰਿਆ ਜਾਰੀ ਏ। ਸੂਬਾ ਸਰਕਾਰ ਨੇ ਉਨ੍ਹਾਂ ਔਰਤਾਂ, ਦਿਵੀਆਂਗ ਵਿਅਕਤੀਆਂ, ਸਿਹਤ ਸਮੱਸਿਆਵਾਂ ਤੋਂ ਪੀੜਤ ਕਿਸਾਨਾਂ ਤੇ 60 ਸਾਲ ਤੋਂ ਵੱਧ ਉਮਰ ਦੇ ਵਿਅਕਤੀ, ਜਿਹੜੇ ਕਿਸਾਨਾਂ ਦੇ ਰੋਸ ਪ੍ਰਦਰਸ਼ਨ ਦਾ ਹਿੱਸਾ ਸਨ, ਨੂੰ ਤੁਰੰਤ ਰਿਹਾਅ ਕਰਨ ਦਾ ਫੈਸਲਾ ਕੀਤਾ ਏ । 19 ਮਾਰਚ ਦੀ ਸ਼ਾਮ ਨੂੰ ਸ਼ੰਭੂ ਤੇ ਖਨੌਰੀ ਚੈੱਕ ਪੁਆਇੰਟਾਂ ਤੋਂ ਪੁਲਿਸ ਨੇ ਪ੍ਰਦਰਸ਼ਨਕਾਰੀ ਕਿਸਾਨਾਂ ਨੂੰ ਕੱਢਣ ਤੋਂ ਬਾਅਦ ਇਨ੍ਹਾਂ ਨੂੰ ਹਿਰਾਸਤ ਵਿਚ ਲਿਆ ਸੀ। ਆਈ.ਜੀ.ਪੀ ਹੈੱਡਕੁਆਰਟਰ, ਡਾ. ਸੁਖਚੈਨ ਸਿੰਘ ਗਿੱਲ ਨੇ ਦੱਸਿਆ ਏ ਕਿ ਸੂਬਾ ਸਰਕਾਰ, ਪਹਿਲਾਂ ਹੀ ਲਗਭਗ 800 ਕਿਸਾਨਾਂ ਨੂੰ ਪੁਲਿਸ ਹਿਰਾਸਤ ਵਿੱਚੋਂ ਰਿਹਾਅ ਕਰ ਚੁੱਕੀ ਏ। ਕਿਸਾਨਾਂ ਦੀਆਂ ਉਨ੍ਹਾਂ ਦੇ ਸਾਮਾਨ ਨਾਲ ਸਬੰਧਤ ਸ਼ਿਕਾਇਤਾਂ ਬਾਰੇ, ਆਈ.ਜੀ.ਪੀ ਨੇ ਕਿਹਾ ਕਿ ਕਿਸੇ ਨੂੰ ਵੀ ਇਸ ਦੀ ਦੁਰਵਰਤੋਂ ਨਹੀਂ ਕਰਨ ਦਿੱਤੀ ਜਾਵੇਗੀ। ਐੱਸ.ਪੀ-ਰੈਂਕ ਦੇ ਇਕ ਅਧਿਕਾਰੀ ਜਸਬੀਰ ਸਿੰਘ ਨੂੰ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਏ ਅਤੇ ਕਿਸਾਨ ਸਹਾਇਤਾ ਲਈ ਮੋਬਾਈਲ ਨੰਬਰ 90713-00002 'ਤੇ ਸੰਪਰਕ ਕਰ ਸਕਦੇ ਨੇ।

---

ਐੱਨ.ਸੀ.ਸੀ. ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ

ਵਧੀਕ ਡਾਇਰੈਕਟਰ ਜਨਰਲ, ਮੇਜਰ ਜਨਰਲ ਜੇ.ਐੱਸ. ਚੀਮਾ ਨੇ ਜਲੰਧਰ ਐੱਨ.ਸੀ.ਸੀ. ਗਰੁੱਪ ਹੈਡਕਵਾਟਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦਾ ਨਿਰੀਖਣ ਕੀਤਾ। ਗਰੁੱਪ ਕਮਾਂਡਰ ਬ੍ਰਿਗੇਡੀਅਰ ਅਜੇ ਤਿਵਾੜੀ ਨੇ ਉਨ੍ਹਾਂ ਦਾ ਸਵਾਗਤ ਕੀਤਾ। ਕੈਡਿਟਸ ਨੇ ਜਨਰਲ ਚੀਮਾ ਨੂੰ ਗਾਰਡ ਆਫ਼ ਆਨਰ ਦਿੱਤਾ। ਐੱਨ.ਸੀ.ਸੀ ਕੈਡਿਟਾਂ ਨੂੰ ਸੰਬੋਧਨ ਕਰਦੇ ਹੋਏ, ਜੇ.ਐੱਸ. ਚੀਮਾ ਨੇ ਉੱਚ ਸਿੱਖਿਆ ਵਿੱਚ ਕੈਰੀਅਰ ਅਤੇ ਐੱਨ.ਸੀ.ਸੀ ਬਾਰੇ ਵਿਸਥਾਰ ਨਾਲ ਦੱਸਿਆ । ਉਨ੍ਹਾਂ ਨੇ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ 'ਤੇ ਆਯੋਜਿਤ ਕੀਤੇ ਜਾ ਰਹੇ ਵੱਖ-ਵੱਖ ਐੱਨ.ਸੀ.ਸੀ. ਕੈਂਪਾਂ ਬਾਰੇ ਜਾਣਕਾਰੀ ਦਿੱਤੀ। NCC ਦੇ ਉਦੇਸ਼ ਬਾਰੇ ਉਨਾਂ ਕਿਹਾ

**BYTE:**

ਜਨਰਲ ਜੇ.ਐੱਸ. ਚੀਮਾ ਨੇ ਗਰੁੱਪ ਹੈੱਡਕੁਆਰਟਰ ਜਲੰਧਰ ਦਾ ਦੌਰਾ ਵੀ ਕੀਤਾ। ਜਨਰਲ ਚੀਮਾ ਨੇ ਜਲੰਧਰ ਗਰੁੱਪ ਦੇ ਉੱਚ ਮਿਆਰਾਂ ਅਤੇ 20 ਹਜ਼ਾਰ ਕੈਡਿਟਾਂ ਦੀ ਸ਼ਾਨਦਾਰ ਸਿਖਲਾਈ ਲਈ ਤਸੱਲੀ ਜ਼ਾਹਰ ਕਰਦਿਆਂ ਸ਼ਲਾਘਾ ਕੀਤੀ।

-----------------------------------------------------------------------------------

ਮੁਹਾਲੀ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ’ਚ 24 ਮਾਰਚ ਨੂੰ ਸ਼ੁਰੂ ਹੋਇਆ ਵਿਸ਼ੇਸ਼ ਟੀਕਾਕਰਨ ਹਫ਼ਤਾ ਸਫ਼ਲਤਾਪੂਰਵਕ ਚੱਲ ਰਿਹਾ

ਏ । ਮੁਹਾਲੀ ਦੀ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਇਸ ਹਫ਼ਤੇ ਦੌਰਾਨ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਟੀਕਾਕਰਨ ਸੈਸ਼ਨ ਚੱਲ ਰਹੇ ਨੇ ਜਿਥੇ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਜਾ ਰਿਹਾ ਏ । ਟੀਕਾਕਰਨ ਹਫ਼ਤੇ ਦਾ ਮੁੱਖ ਉਦੇਸ਼ 5 ਸਾਲ ਤਕ ਦੇ ਬੱਚਿਆਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣਾ ਅਤੇ ਗਰਭਵਤੀ ਔਰਤਾਂ ਦੇ ਟੀਕਾਕਰਨ ਕਵਰੇਜ ਨੂੰ ਮਜ਼ਬੂਤ ਕਰਨਾ ਏ । ਉਨ੍ਹਾਂ ਦਸਿਆ ਕਿ ਬੱਚਿਆਂ ਨੂੰ ਪੋਲੀਓ ਸਮੇਤ ਪੀਲੀਆ, ਤਪਦਿਕ, ਗਲ਼ਘੋਟੂ, ਕਾਲੀ ਖੰਘ, ਟੈਟਨੱਸ, ਨਿਮੋਨੀਆ ਅਤੇ ਅੰਧਰਾਤੇ ਵਰਗੀਆਂ 11 ਗੰਭੀਰ ਬਿਮਾਰੀਆਂ ਤੋਂ ਬਚਾਅ ਲਈ ਬੱਚਿਆਂ ਦਾ ਸੰਪੂਰਨ ਟੀਕਾਕਰਨ ਬਹੁਤ ਜ਼ਰੂਰੀ ਏ ।

---

- ਕੇਂਦਰੀ ਪਸ਼ੂ ਪਾਲਣ ਮੰਤਰੀ ਰਾਜੀਵ ਰੰਜਨ ਸਿੰਘ ਨੇ ਕਿਹਾ- ਕਿ ਭਾਰਤ ਦੁੱਧ ਦਾ ਸਭ ਤੋਂ ਵੱਡਾ ਉਤਪਾਦਕ ਏ ਅਤੇ ਅਗਲੇ ਪੰਜ ਸਾਲਾਂ ਵਿੱਚ ਇਸ ਦੀ ਉਤਪਾਦਨ ਸਮਰੱਥਾ 23 ਕਰੋੜ 90 ਲਖ ਮੀਟ੍ਰਿਕ ਟਨ ਤੋਂ ਵਧਾ ਕੇ 30 ਕਰੋੜ ਮੀਟ੍ਰਿਕ ਟਨ ਕਰਨ ਦਾ ਟੀਚਾ ਏ ।

- ਅੱਜ ਪੰਜਾਬ ਵਿਧਾਨ ਸਭਾ ਇਜਲਾਸ ਦੇ ਤੀਜੇ ਦਿਨ ਦੀ ਕਾਰਵਾਈ ਜਾਰੀ ਰਹੀ-ਸੂਬੇ ਵਿਚ ਪਾਣੀ ਦੇ ਲਗਾਤਾਰ ਥੱਲੇ ਜਾ ਰਹੇ ਪੱਧਰ ਬਾਰੇ ਵਿਚਾਰ ਕੀਤੀ ਗਈ।
- ਕੱਟੜਪੰਥੀ ਪ੍ਰਚਾਰਕ ਅਤੇ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸੱਤ ਸਾਥੀਆਂ ਨੂੰ ਅਜਨਾਲਾ ਦੀ ਅਦਾਲਤ ਵੱਲੋਂ, ਤਿੰਨ ਹੋਰ ਦਿਨਾਂ ਲਈ, 28 ਮਾਰਚ ਤੱਕ ਪੁਲਿਸ ਹਿਰਾਸਤ ਵਿੱਚ ਭੇਜਿਆ ਗਿਆ।
- ਭਾਰਤੀ ਫੌਜ ਨੇ ਬੀਤੇ ਦਿਨੀਂ ਪਟਿਆਲਾ ਪੁਲਿਸ ਵੱਲੋਂ ਕਰਨਲ ਪੁਸ਼ਪਿੰਦਰ ਸਿੰਘ ਬਾਠ ਨਾਲ ਕੀਤੀ ਬਦਸਲੂਕੀ ਦੀ, ਪੰਜਾਬ ਸਰਕਾਰ ਵੱਲੋਂ ਆਜ਼ਾਦ ਅਤੇ ਇਮਾਨਦਾਰ ਜਾਂਚ ਲਈ ਆਪਣਾ ਰੁੱਖ ਦੁਹਰਾਇਆ। ਅਤੇ
- ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਯੋਜਨਾ ਤਹਿਤ ਚਾਲੂ ਵਿੱਤੀ ਸਾਲ 2024-25 ਦੌਰਾਨ, ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾਂ ਨੂੰ, 12 ਕਰੋੜ 99 ਲਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ।